# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :08-12-2025

ਰਾਸ਼ਟਰੀ ਗੀਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ 'ਤੇ ਇੱਕ ਵਿਸ਼ੇਸ਼ ਚਰਚਾ ਅੱਜ ਲੋਕ ਸਭਾ ਵਿੱਚ ਸ਼ੁਰੂ ਹੋਈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕ ਸਭਾ ਵਿੱਚ ਬਹਿਸ ਸ਼ੁਰੂ ਕਰਦਿਆਂ,ਰਾਸ਼ਟਰੀ ਗੀਤ ਵੰਦੇ ਮਾਤਰਮ ਦੀ ਮਹੱਤਤਾ ਦਾ ਜ਼ਿਕਰ ਕੀਤਾ । ਪ੍ਰਧਾਨ ਮੰਤਰੀ ਨੇ ਰਾਸ਼ਟਰੀ ਗੀਤ ਵੰਦੇ ਮਾਤਰਮ ਵਲੋਂ ਆਜ਼ਾਦੀ ਸੰਗਰਾਮ 'ਚ ਪਾਏ ਯੋਗਦਾਨ ਦਾ ਵੀ ਜ਼ਿਕਰ ਕੀਤਾ ।

BYTE

ਇਸ ਚਰਚਾ ਲਈ ਦਸ ਘੰਟੇ ਦਿੱਤੇ ਗਏ ਨੇ । ਚੋਣ ਸੁਧਾਰਾਂ 'ਤੇ ਬਹਿਸ ਕੱਲ 9 ਦਸੰਬਰ ਨੂੰ ਕੀਤੀ ਜਾਵੇਗੀ । ਇਸੇ ਦੌਰਾਨ ਸੰਸਦ ਵਿੱਚ ਰਾਸ਼ਟਰੀ ਗੀਤ, ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ 'ਤੇ ਵਿਸ਼ੇਸ਼ ਚਰਚਾ ਤੋਂ ਪਹਿਲਾਂ, ਕੇਂਦਰੀ ਸੱਭਿਆਚਾਰ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ ਕਿ ਵੰਦੇ ਮਾਤਰਮ ਨੇ, ਆਜ਼ਾਦੀ ਸੰਗਰਾਮ ਨੂੰ ਇਕਜੁੱਟ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

BYTE

ਰਾਜ ਸਭਾ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸੰਸਦ ਮੈਂਬਰ ਸੁਧਾ ਮੂਰਤੀ ਨੇ ਕਿਹਾ ਕਿ ਵੰਦੇ ਮਾਤਰਮ ਇੱਕ ਅਜਿਹਾ ਗੀਤ ਏ , ਜੋ ਦੇਸ਼ ਦੇ ਵੱਖ-ਵੱਖ ਰਾਜਾਂ ਨੂੰ ਜੋੜਦਾ ਏ । ਖੁਰਾਕ ਪ੍ਰੋਸੈਸਿੰਗ ਸਨਅੱਤ ਮੰਤਰੀ ਚਿਰਾਗ ਪਾਸਵਾਨ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਲਈ, ਵੰਦੇ ਮਾਤਰਮ ਦੀ ਮਹੱਤਤਾ ਅਤੇ ਭਾਵਨਾ ਨੂੰ ਸਮਝਣਾ ਮਹੱਤਵਪੂਰਨ ਏ । ਸੰਸਦ ਦੇ ਬਾਹਰ ਮੀਡੀਆ ਨਾਲ ਗੱਲਬਾਤ ਕਰਦਿਆਂ, ਸ਼੍ਰੀ ਪਾਸਵਾਨ ਨੇ ਨੌਜਵਾਨਾਂ ਨੂੰ ਇਸ ਵਿਸ਼ੇਸ਼ ਚਰਚਾ ਨੂੰ ਸੁਣਨ ਦੀ ਅਪੀਲ ਕੀਤੀ। ਆਕਾਸ਼ਵਾਣੀ ਖਬਰਾਂ ਨਾਲ ਇੱਕ ਵਿਸ਼ੇਸ਼ ਗੱਲਬਾਤ ਵਿੱਚ, BJP ਸੰਸਦ ਮੈਂਬਰ ਸ਼ਸ਼ਾਂਕ ਮਣੀ ਤ੍ਰਿਪਾਠੀ ਨੇ ਕਿਹਾ ਕਿ ਅੱਜ ਸੰਸਦ ਵਿੱਚ ਵੰਦੇ ਮਾਤਰਮ 'ਤੇ ਚਰਚਾ ਸਾਨੂੰ ਉਨ੍ਹਾਂ ਇਨਕਲਾਬੀ ਖੇਤਰਾਂ ਅਤੇ ਇਨਕਲਾਬੀਆਂ ਦੀ ਯਾਦ ਦਿਵਾਏਗੀ ਜਿਨ੍ਹਾਂ ਨੂੰ ਕਾਂਗਰਸ ਸਰਕਾਰ ਨੇ ਲਗਭਗ ਅਣਗੌਲਿਆ ਕਰ ਦਿੱਤਾ ਸੀ।

---------------------------------------------------------------------------

ਦੇਸ਼ ਵਿੱਚ ਚੱਲ ਰਹੇ ਇੰਡੀਗੋ ਸੰਕਟ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਮੁਸਾਫ਼ਰਾਂ ਦੀ ਸਹੂਲਤ ਲਈ 24 ਘੰਟੇ ਸੱਤੇ ਦਿਨ ਕੰਮ ਕਰਨ ਵਾਲਾ ਕੰਟਰੋਲ ਰੂਮ ਸਥਾਪਤ ਕਰਕੇ ਸ਼ਹੀਦ ਭਗਤ ਸਿੰਘ ਅੰਤਰਰਾਸ਼ਟਰੀ

ਹਵਾਈ ਅੱਡੇ 'ਤੇ ਕੋਈ ਵੀ ਮੁਸ਼ਕਿਲ ਨਾ ਆਉਣ ਦੇਣ ਲਈ ਕਦਮ ਚੁੱਕੇ ਨੇ। ਪੰਜਾਬ ਸ਼ਹਿਰੀ ਹਵਾਬਾਜ਼ੀ ਵਿਭਾਗ ਦੇ ਸਕੱਤਰ ਸੋਨਾਲੀ ਗਿਰਿ ਨੇ ਸਥਿਤੀ ਨੂੰ ਸੁਚਾਰੂ ਬਣਾਉਣ ਲਈ ਹਵਾਈ ਅੱਡਾ ਅਧਿਕਾਰੀਆਂ, ਸੀ ਆਈ ਐਸ ਐਫ ਅਤੇ ਏਅਰਲਾਈਨ ਕੰਪਨੀਆਂ ਨਾਲ ਵਿਸਥਾਰਤ ਗੱਲਬਾਤ ਕੀਤੀ। ਸਕੱਤਰ ਨੇ ਕਿਹਾ ਕਿ ਮੁੱਖ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ, ਇੰਡੀਗੋ ਉਡਾਣ 'ਚ ਦੇਰੀ ਅਤੇ ਰੱਦ ਹੋਣ ਤੋਂ ਪ੍ਰਭਾਵਿਤ ਮੁਸਾਫ਼ਰਾਂ ਦੀ ਸਹੂਲਤ ਲਈ ਕੰਟਰੋਲ ਰੂਮ ਤੁਰੰਤ ਸ਼ੁਰੂ ਕਰ ਦਿੱਤਾ ਗਿਆ ਏ। ਉਨ੍ਹਾਂ ਕਿਹਾ ਕਿ ਜਾਣਕਾਰੀ ਅਤੇ ਸਹਾਇਤਾ ਲਈ, ਡਿਊਟੀ ਟਰਮੀਨਲ ਮੈਨੇਜਰ ਦੇ ਦਫ਼ਤਰ ਵਿਖੇ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ। ਸਕੱਤਰ, ਸ਼ਹਿਰੀ ਹਵਾਬਾਜ਼ੀ ਨੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਮੁਸਾਫ਼ਰ ਹੈਲਪਲਾਈਨ ਨੰਬਰ 95010-15832 'ਤੇ ਸੰਪਰਕ ਕਰ ਸਕਦੇ ਨੇ।

------------------------------------------------------------------------

ਲੁਧਿਆਣਾ ਵਿੱਚ ਬੀਤੀ ਦੇਰ ਰਾਤ ਵਾਪਰੇ ਇੱਕ ਕਾਰ ਹਾਦਸੇ ਵਿੱਚ ਪੰਜ ਲੋਕਾਂ ਦੀ ਮੌਤ ਹੋ ਗਈ। ਮ੍ਰਿਤਕਾਂ ਵਿੱਚ ਦੋ ਨਾਬਾਲਗ ਕੁੜੀਆਂ ਅਤੇ ਤਿੰਨ ਨੌਜਵਾਨ ਸ਼ਾਮਲ ਸਨ। ਇਹ ਸਾਰੇ ਲੁਧਿਆਣਾ ਦੇ ਨੇੜੇ ਜਗਰਾਉਂ ਦੇ ਰਹਿਣ ਵਾਲੇ ਦੱਸੇ ਜਾ ਰਹੇ ਨੇ। ਉਨ੍ਹਾਂ ਦੀਆਂ ਮ੍ਰਿਤਕ ਦੇਹਾਂ ਸਿਵਲ

ਹਸਪਤਾਲ ਲਿਆਂਦੀਆਂ ਗਈਆਂ। ਪੁਲਿਸ ਅਨੁਸਾਰ ਤਿੰਨ ਮੁੰਡਿਆਂ ਦੀ ਪਛਾਣ ਕਰ ਲਈ ਗਈ ਏ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸੰਪਰਕ ਕੀਤਾ ਗਿਆ ਏ। ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਏ।

---------------------------------------------------------------------

ਅੰਮ੍ਰਿਤਸਰ ਦੀ ਕਾਊਂਟਰ ਇੰਟੈਲੀਜੈਂਸ ਟੀਮ ਨੇ ਪਾਕਿਸਤਾਨ-ਸਮਰਥਿਤ ਹਥਿਆਰ ਤਸਕਰੀ ਮਾਡਿਊਲ ਦਾ ਗਿਰੋਹ ਦਾ ਪਰਦਾਫਾਸ਼ ਕਰਦਿਆਂ, ਕੱਲ ਇੱਕ ਕਾਰਕੁਨ ਨੂੰ ਪੰਜ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਤਰਨਤਾਰਨ ਦੇ ਪਿੰਡ ਖਾਲੜਾ ਵਾਸੀ ਸੰਦੀਪ ਸਿੰਘ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਮੁਲਜ਼ਮ ਦੀ ਮੋਟਰਸਾਈਕਲ ਵੀ ਜ਼ਬਤ ਕੀਤੀ ਏ, ਜਿਸਦੀ ਵਰਤੋਂ ਖੇਪਾਂ ਦੀ ਢੋਆ-ਢੁਆਈ ਲਈ ਕੀਤੀ ਜਾ ਰਹੀ ਸੀ। ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ, ਆਪਣੇ ਸਾਥੀ ਅਤੇ ਪੁਲਿਸ ਨੂੰ ਲੋੜੀਂਦੇ ਸੈਫਲੀ ਸਿੰਘ ਦੇ ਨਾਲ, ਇੱਕ ਪਾਕਿਸਤਾਨੀ ਹੈਂਡਲਰ ਦੇ ਨਿਰਦੇਸ਼ਾਂ ’ਤੇ ਹਥਿਆਰਾਂ ਦੀ ਖੇਪ ਪ੍ਰਾਪਤ ਕਰਦਾ ਸੀ ਅਤੇ ਉਨ੍ਹਾਂ ਹਥਿਆਰਾਂ ਨੂੰ ਪੰਜਾਬ ਵਿੱਚ ਅਪਰਾਧੀਆਂ ਅਤੇ ਗੈਂਗਸਟਰਾਂ ਨੂੰ ਸਪਲਾਈ ਕਰਦਾ ਸੀ। ਉਨ੍ਹਾਂ ਕਿਹਾ ਕਿ ਪਾਕਿਸਤਾਨੀ ਹੈਂਡਲਰ ਸਰਹੱਦ ਪਾਰੋਂ

ਨਸ਼ੀਲੇ ਪਦਾਰਥ ਪਹੁੰਚਾਉਣ ਲਈ ਡਰੋਨ ਦੀ ਵਰਤੋਂ ਕਰਦਾ ਸੀ। ਇਸ ਸਬੰਧ ਵਿੱਚ, ਅੰਮ੍ਰਿਤਸਰ ਵਿਖੇ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਏ।

---------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ  ਦੇ ਗੁੰਮ ਹੋਣ ਦੇ ਸਬੰਧ ਵਿੱਚ 16 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਏ। ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸੂਬਾ ਸਰਕਾਰ ਕਿਸੇ ਵੀ ਧਰਮ ਦੀ ਬੇਅਦਬੀ ਨੂੰ ਬਰਦਾਸ਼ਤ ਨਹੀਂ ਕਰੇਗੀ ਅਤੇ ਇਸ ਤਰ੍ਹਾਂ ਦੇ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਨਹੀਂ ਬਖਸ਼ੇਗੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨਾਂ ਨੇ ਸਾਨੂੰ ਹਰ ਧਰਮ ਧਰਮ ਦੀ ਰਾਖੀ ਦਾ ਮਾਰਗ ਦਿਖਾਇਆ ਏ।

---------------------------------------------------------------------